# ਪ੍ਰੈਸ ਨੋਟ

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ 1 ਬੱਸ ਤਿਕਸ਼ਨ ਸੂਦ ਅਤੇ 2 ਬੱਸਾਂ ਸ੍ਰੀਮਤੀ ਰਾਕੇਸ਼ ਸੂਦ ਨੇ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ ਲਈ ਕੀਤੀਆਂ ਰਵਾਨਾ

ਹੁਸ਼ਿਆਰਪੁਰ 24 ਦਸੰਬਰ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀ ਗਈ ਮੁਫਤ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਾਰਡ ਨੰ: 11 ਤੋਂ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਬੱਸ ਨੂੰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਅਤੇ ਵਾਰਡ ਨੰ: 39 ਤੋਂ 2 ਬੱਸਾਂ ਤਿਕਸ਼ਨ ਸੂਦ ਦੀ ਧਰਮਪਤਨੀ ਸ੍ਰੀਮਤੀ ਰਾਕੇਸ਼ ਸੂਦ ਨੇ ਰਵਾਨਾ ਕਰਨ ਮੌਕੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੁਫਤ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਸ਼ਰਧਾਲੂਆਂ ਨੂੰ ਵੱਖ-ਵੱਖ ਤੀਰਥ ਸਥਾਨਾਂ, ਸ੍ਰੀ ਹਜੂਰ ਸਾਹਿਬ, ਬਨਾਰਸ, ਸ੍ਰੀ ਆਨੰਦਪੁਰ ਸਾਹਿਬ, ਮਾਤਾ ਚਿੰਤਪੁਰਨੀ ਆਦਿ ਦੇ ਦਰਸ਼ਨ ਕਰਵਾਏ ਗਏ ਹਨ। ਇਸੇ ਲੜੀ ਵਿਚ ਅੱਜ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ ਲਈ ਸ਼ਰਧਾਲੂਆਂ ਦੀਆਂ 3 ਬੱਸਾਂ ਨੂੰ ਰਵਾਨਾ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਸ਼ਰਧਾਲੂਆਂ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਧਾਰਮਿਕ ਯਾਤਰਾ ਕਰਨ ਲਈ ਹਰ ਵਰਗ ਦੇ ਲੋਕਾਂ ਲਈ ਕੀਤਾ ਇਹ ਉਪਰਾਲਾ ਬਹੁਤ ਹੀ ਸਲਾਘਾ ਯੋਗ ਹੈ।

ਇਸ ਮੌਕੇ ਤੇ ਕੌਂਸਲਰ ਰਣਜੀਤ ਚੌਧਰੀ, ਸਵਿਤਾ ਸੂਦ, ਰਾਮਦੇਵ ਯਾਦਵ, ਅਸ਼ਵਨੀ ਛੋਟਾ, ਯਸ਼ਪਾਲ ਸ਼ਰਮਾ ਅਤੇ ਸ਼ਰਧਾਲੂ ਵੱਡੀ ਗਿਣਤੀ ਵਿਚ ਹਾਜ਼ਰ ਸਨ।